# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 26-08-2025**

## <u>ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗੁਜਰਾਤ ਦੇ ਹੰਸਲਪੁਰ ਤੋਂ ਮੇਡ ਇਨ ਇੰਡੀਆ ਬੈਟਰੀ ਇਲੈਕਟ੍ਰਿਕ ਵਹੀਕਲ- ਈ-ਵਿਟਾਰਾ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ- ਉਨ੍ਹਾਂ ਇਸ ਪਹਿਲ ਨੂੰ ਭਾਰਤ ਦੀ 'ਮੇਕ ਇਨ ਇੰਡੀਆ' ਯਾਤਰਾ ਵਿੱਚ ਇੱਕ ਨਵਾਂ ਅਧਿਆਇ ਕਰਤਾਰ ਦਿੱਤਾ ।

- ਪੰਜਾਬ ਦੇ ਕਈ ਹਿੱਸਿਆਂ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ, ਸਰਹੱਦੀ ਸੂਬਾ ਅਲਰਟ 'ਤੇ -ਰਾਹਤ ਤੇ ਬਚਾਅ ਕਾਰਜ ਜਾਰੀ -ਮੁੱਖ ਮੰਤਰੀ ਵਲੋਂ ਸੂਬੇ ਦੇ ਸਾਰੇ ਸਕੂਲ, 27 ਤੋਂ 30 ਅਗਸਤ ਤੱਕ ਬੰਦ ਰੱਖਣ ਦੇ ਹੁਕਮ।

- ਹੜ੍ਹ ਆਉਣ ਕਾਰਨ ਕਾਂਗੜਾ ਜ਼ਿਲ੍ਹੇ ਵਿੱਚ ਪਠਾਨਕੋਟ ਕੈਂਟ - ਕੰਦਰੋੜੀ ਸੈਕਸ਼ਨ ਵਿਚਕਾਰ ਰੇਲ ਆਵਾਜਾਈ ਅਸਥਾਈ ਤੌਰ 'ਤੇ ਮੁਅੱਤਲ - ਪਠਾਨਕੋਟ - ਜਲੰਧਰ ਸਿਟੀ ਮੁਸਾਫ਼ਰ ਰੇਲ ਗੱਡੀ ਰੱਦ ਕੀਤੀ ਗਈ - ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ - ਨਵੀਂ ਦਿੱਲੀ ਵੰਦੇ ਭਾਰਤ ਐਕਸਪ੍ਰੈਸ ਅਤੇ ਜੰਮੂਤਵੀ - ਸਾਬਰਮਤੀ ਰੇਲਗੱਡੀਆਂ ਦੇ ਰੂਟ ਬਦਲੇ ਗਏ।

- ਹਾਕੀ ਇੰਡੀਆ ਵਲੋਂ ਬਿਹਾਰ ਦੇ ਰਾਜਗੀਰ ਵਿਖੇ, ਮਰਦਾਂ ਦੇ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਦੇ ਮੈਚ ਦੇਖਣ ਲਈ ਮੁਫ਼ਤ ਦਾਖਲੇ ਦਾ ਐਲਾਨ ।

## ਹੁਣ ਖਬਰਾਂ ਵਿਸਥਾਰ ਨਾਲ.....

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਦੀ ਮੇਕ ਇਨ ਇੰਡੀਆ ਯਾਤਰਾ ਵਿੱਚ ਇੱਕ ਨਵਾਂ ਅਧਿਆਇ ਜੁੜ ਰਿਹਾ ਏ।

ਉਨ੍ਹਾਂ ਕਿਹਾ ਕਿ ਅੱਜ ਮੇਕ ਇਨ ਇੰਡੀਆ ਅਤੇ ਮੇਕ ਫਾਰ ਦ ਵਰਲਡ ਦੇ ਰਾਸ਼ਟਰੀ ਟੀਚਿਆਂ ਵਿੱਚ ਇੱਕ ਮਹੱਤਵਪੂਰਨ ਦਿਨ ਏ। ਉਹ ਗੁਜਰਾਤ ਵਿੱਚ ਟੀ.ਡੀ.ਐਸ ਲਿਥੀਅਮ ਆਇਨ ਬੈਟਰੀ ਪਲਾਂਟ ਵਿਖੇ ਹਾਈਬ੍ਰਿਡ ਬੈਟਰੀ ਇਲੈਕਟ੍ਰੋਡ ਦੇ ਉਤਪਾਦਨ ਦਾ ਉਦਘਾਟਨ ਕਰਨ ਤੋਂ ਬਾਅਦ. ਜਨਤਕ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਮੌਕਾ ਭਾਰਤ ਅਤੇ ਜਾਪਾਨ ਦੀ ਦੋਸਤੀ ਨੂੰ ਇੱਕ ਨਵਾਂ ਆਯਾਮ ਦੇਵੇਗਾ।

**BYTE**

ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਵਿੱਚ ਲੋਕਤੰਤਰ ਦੀ ਤਾਕਤ ਏ , ਵੱਡੀ ਗਿਣਤੀ ਵਿੱਚ ਕੰਮ ਕਰਨ ਵਾਲੇ ਨੌਜਵਾਨ ਹਨ ਅਤੇ ਵੱਡੀ ਗਿਣਤੀ ਵਿੱਚ ਹੁਨਰਮੰਦ ਕਾਮੇ ਨੇ।

---------------------------------------------------------

ਪੰਜਾਬ ਦੇ ਕਈ ਪਿੰਡਾਂ ਵਿੱਚ ਹੜ੍ਹ ਆਉਣ ਕਾਰਨ ਸੱਤ ਜ਼ਿਲ੍ਹਿਆਂ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ ਏ । ਸੂਬੇ ਦੇ ਕਈ ਹਿੱਸਿਆਂ ਵਿੱਚ ਪਿਛਲੇ 36 ਘੰਟਿਆਂ ਤੋਂ ਵੱਧ ਸਮੇਂ ਤੋਂ ਲਗਾਤਾਰ ਮੀਂਹ ਅਤੇ ਹਿਮਾਚਲ ਪ੍ਰਦੇਸ਼ ਤੋਂ ਮੀਂਹ ਦੇ ਪਾਣੀ ਦੇ ਵਹਾਅ ਕਾਰਨ, ਬਿਆਸ ਅਤੇ ਰਾਵੀ ਨਦੀਆਂ ਵਿੱਚ ਹੜ੍ਹ ਆ ਗਏ ਨੇ ਜਿਸ ਕਾਰਨ ਆਮ ਜਨਜੀਵਨ ਠੱਪ ਹੋ ਗਿਆ ਏ। ਪੰਜਾਬ ਦੇ ਜਲ ਸਰੋਤ ਮੰਤਰੀ, ਬਰਿੰਦਰ ਕੁਮਾਰ ਗੋਇਲ ਨੇ ਜਾਣਕਾਰੀ ਦਿੱਤੀ ਏ ਕਿ ਮੌਜੂਦਾ ਸਥਿਤੀ ਦੇ ਕਾਰਨ ਫਿਰੋਜ਼ਪੁਰ, ਫਾਜ਼ਿਲਕਾ, ਤਰਨਤਾਰਨ, ਕਪੂਰਥਲਾ, ਹੁਸ਼ਿਆਰਪੁਰ, ਗੁਰਦਾਸਪੁਰ ਅਤੇ ਪਠਾਨਕੋਟ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ ਏ।

**BYTE**

ਹੋਰ ਵੇਰਵੇ ਨਾਲ ਇਕ ਰਿਪੋਰਟ

ਫੌਜ, ਬੀ.ਐ.ਸ.ਐਫ, ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਬਲ ਅਤੇ ਐਸ.ਡੀ.ਆਰ.ਐਫ ਦੀਆਂ ਟੀਮਾਂ ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ ਅਤੇ ਕਪੂਰਥਲਾ ਵਿੱਚ ਫਸੇ ਪਿੰਡ ਵਾਸੀਆਂ ਨੂੰ ਬਚਾ ਰਹੇ ਨੇ। ਪ੍ਰਭਾਵਿਤ ਖੇਤਰਾਂ ਨੇੜੇ ਲੋਕਾਂ ਅਤੇ ਪਸ਼ੂਆਂ ਦੋਵਾਂ ਲਈ ਮੈਡੀਕਲ ਟੀਮਾਂ ਸਮੇਤ ਸਾਰੀਆਂ ਲੋੜੀਂਦੀਆਂ ਸਹੂਲਤਾਂ ਵਾਲੇ ਆਸਰਾ ਕੇਂਦਰ ਵੀ ਸਥਾਪਤ ਕੀਤੇ ਗਏ ਹਨ। ਭਾਖੜਾ, ਰਣਜੀਤ ਸਾਗਰ ਡੈਮ, ਹੁਸੈਨੀਵਾਲਾ ਹੈੱਡ ਵਰਕਸ ਤੋਂ ਵਾਧੂ ਪਾਣੀ ਜਬਰੀ ਛੱਡਿਆ ਜਾਣਾ ਏ ਤਾਂ ਜੋ ਇਨ੍ਹਾਂ ਜਲ ਭੰਡਾਰਾਂ ਨੂੰ ਕੋਈ ਨੁਕਸਾਨ ਨਾ ਹੋਵੇ, ਇਸ ਨਾਲ ਵੀ ਸੂਬੇ ਵਿੱਚ ਹੜ੍ਹ ਦੀ ਸਮੱਸਿਆ ਹੋਰ ਵਧ ਰਹੀ ਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਲਗਾਤਾਰ ਪੈ ਰਹੇ ਮੀਂਹ ਅਤੇ ਮੌਸਮ ਵਿਭਾਗ ਦੀ ਚਿਤਾਵਨੀ ਨੂੰ ਦੇਖਦਿਆਂ, ਸੂਬੇ ਭਰ ਦੇ ਸਾਰੇ ਪ੍ਰਾਇਮਰੀ ਅਤੇ ਸੀਨੀਅਰ ਸੈਕੰਡਰੀ ਸਕੂਲ 27 ਅਗਸਤ ਤੋਂ 30 ਅਗਸਤ ਤੱਕ ਬੰਦ ਰੱਖਣ ਦੇ ਹੁਕਮ ਦਿੱਤੇ ਨੇ। ਇਸ ਦੌਰਾਨ, ਕਈ ਕੈਬਨਿਟ ਮੰਤਰੀ ਅਤੇ ਵਿਧਾਇਕ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰ ਰਹੇ ਨੇ ਤਾਂ ਜੋ ਸਥਿਤੀ ਦਾ ਜਾਇਜ਼ਾ ਲਿਆ ਜਾ ਸਕੇ ਅਤੇ ਲੋਕਾਂ ਦੀ ਮਦਦ ਲਈ ਤੁਰੰਤ

ਕਾਰਵਾਈ ਕੀਤੀ ਜਾ ਸਕੇ। ਓਧਰ ਪਠਾਨਕੋਟ ਵਿਚ ਬਮਿਆਲ ਸੈਕਟਰ ਅਤੇ ਨਾਰਨੋਟ ਜੈਮਲ ਸਿੰਘ ਖੇਤਰ ਵਿੱਚ ਸਥਿਤ ਲਗਭਗ 80 ਪਿੰਡ ਹੜ੍ਹ ਦੀ ਲਪੇਟ ਵਿੱਚ ਆ ਗਏ, ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੀਆਂ ਜੈਤਪੁਰ ਅਤੇ ਪਹਾੜੀਪੁਰ ਬੀ.ਐਸ.ਐਫ ਚੌਕੀਆਂ ਵੀ ਪਾਣੀ ਤੋਂ ਪ੍ਰਭਾਵਿਤ ਹੋਈਆਂ ਨੇ ਪ੍ਰਸ਼ਾਸਨ ਨੇ ਬੀ.ਐਸ.ਐਫ ਜਵਾਨਾਂ ਨੂੰ ਸੁਰੱਖਿਅਤ ਥਾਵਾਂ 'ਤੇ ਜਾਣ ਲਈ ਕਿਹਾ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਮੌਕੇ 'ਤੇ ਪਹੁੰਚ ਕੇ ਹਾਲਤ ਦਾ ਜਾਇਜ਼ਾ ਲਿਆ ਅਤੇ ਵੇਰਵੇ ਸਾਂਝੇ ਕੀਤੇ।

**BYTE**

ਕਪੂਰਥਲ਼ਾ ਜ਼ਿਲ੍ਹੇ ਦੀ ਸਬ-ਡਵੀਜ਼ਨਾਂ ਸੁਲਤਾਨਪੁਰ ਲੋਧੀ ਤੇ ਭੁਲੱਥ ਵਿਚ ਬਿਆਸ ਦਰਿਆ ਦੇ ਵਧੇ ਪਾਣੀ ਕਾਰਨ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਅੱਜ ਧੁੱਸੀ ਬੰਨ੍ਹ ਅਤੇ ਅਡਵਾਂਸ ਬੰਨ੍ਹਾਂ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ ਗਿਆ। ਡਿਪਟੀ ਕਮਿਸ਼ਨਰ ਨੇ ਕੰਮੇਵਾਲ ਅਤੇ ਬਾਘੂਵਾਲ ਵਿਖੇ ਧੁੱਸੀ ਬੰਨ੍ਹ ਉੱਪਰ ਡ੍ਰੇਨੇਜ ਵਿਭਾਗ ਵਲੋਂ ਕਰਾਏ ਜਾ ਰਹੇ ਕੰਮ ਦਾ ਜਾਇਜ਼ਾ

ਲਿਆ। ਉਨ੍ਹਾਂ ਦੱਸਿਆ ਕਿ ਧੁੱਸੀ ਬੰਨ੍ਹ ਤੇ ਅਡਵਾਂਸ ਬੰਨ੍ਹ ਪੂਰੀ ਤਰ੍ਹਾਂ ਸੁਰੱਖਿਅਤ ਹਨ ਅਤੇ ਡ੍ਰੇਨੇਜ ਵਿਭਾਗ ਵਲੋਂ ਲਗਾਤਾਰ ਗਸ਼ਤ ਕਰਕੇ ਸਥਿਤੀ ‘ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਏ । ਪ੍ਰਭਾਵਿਤ ਪਿੰਡਾਂ ਵਿਚੋਂ ਲੋਕਾਂ ਨੂੰ ਕੱਢ ਕੇ ਸੁਰੱਖਿਅਤ ਥਾਵਾਂ ‘ਤੇ ਪਹੁੰਚਾਉਣ ਦਾ ਕੰਮ ਜੰਗੀ ਪੱਧਰ ‘ਤੇ ਜਾਰੀ ਏ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਾਰੀ ਮੀਂਹ ਅਤੇ ਦਰਿਆ ਵਿਚ ਪਾਣੀ ਦੇ ਵਾਧੇ ਕਾਰਨ ਮੰਡ ਖੇਤਰ ਦੇ ਪ੍ਰਭਾਵਿਤ ਲੋਕਾਂ ਨੂੰ ਸੁਰੱਖਿਅਤ ਥਾਵਾਂ ‘ਤੇ ਜਾਣ ਦੀ ਅਪੀਲ ਕੀਤੀ ਗਈ ਸੀ। ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ, ਕਿਸੇ ਵੀ ਸਹਾਇਤਾ ਲਈ ਲੋਕ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਨੰਬਰ 01822-231-990 , ਸੁਲਤਾਨਪੁਰ ਲੋਧੀ ਸਬ ਡਵੀਜ਼ਨ ਦੇ ਹੜ੍ਹ ਰੋਕੂ ਕੰਟਰੋਲ ਰੂਮ 01828-222-169 ਤੇ ਭੁਲੱਥ ਸਬ ਡਵੀਜ਼ਨ ਦੇ ਪ੍ਰਭਾਵਿਤ ਖੇਤਰਾਂ ਲਈ ਹੈਲਪਲਾਇਨ 01822-271-829 ਉੱਪਰ ਸੰਪਰਕ ਕਰ ਸਕਦੇ ਨੇ ।

---------------------------------------------------------

ਪਠਾਨਕੋਟ ਵਿੱਚ ਚੱਕੀ ਨਦੀ ਵਿੱਚ ਭਾਰੀ ਮਿੱਟੀ ਖਿਸਕਣ ਅਤੇ

ਅਚਾਨਕ ਹੜ੍ਹ ਆਉਣ ਕਾਰਨ, ਹਿਮਾਚਲ ਪ੍ਰਦੇਸ਼ ਦੇ ਕਾਂਗੜਾ ਜ਼ਿਲ੍ਹੇ ਵਿੱਚ ਪਠਾਨਕੋਟ ਕੈਂਟ - ਕੰਦਰੋੜੀ ਸੈਕਸ਼ਨ ਵਿਚਕਾਰ ਰੇਲ ਆਵਾਜਾਈ ਨੂੰ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤਾ ਗਿਆ ਏ । ਇਸ ਕਰਕੇ ਪਠਾਨਕੋਟ - ਜਲੰਧਰ ਸਿਟੀ ਮੁਸਾਫ਼ਰ ਰੇਲ ਗੱਡੀ ਨੂੰ ਰੱਦ ਕਰ ਦਿੱਤਾ ਗਿਆ ਏ, ਜਦੋਂ ਕਿ, ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ - ਨਵੀਂ ਦਿੱਲੀ ਵੰਦੇ ਭਾਰਤ ਐਕਸਪ੍ਰੈਸ ਨੂੰ ਪਠਾਨਕੋਟ ਕੈਂਟ - ਮੁਕੇਰੀਆਂ - ਭੋਗਪੁਰ ਸਿਰਵਾਲ ਦੀ ਬਜਾਏ ਪਠਾਨਕੋਟ -ਗੁਰਦਾਸਪੁਰ -ਅੰਮ੍ਰਿਤਸਰ -ਬਿਆਸ -ਜਲੰਧਰ ਛਾਉਣੀ ਰਾਹੀਂ ਚਲਾਇਆ ਗਿਆ ਏ । ਜੰਮੂਤਵੀ - ਸਾਬਰਮਤੀ ਨੂੰ ਵੀ ਪਠਾਨਕੋਟ ਕੈਂਟ - ਮੁਕੇਰੀਆਂ - ਭੋਗਪੁਰ ਸਿਰਵਾਲ ਦੀ ਬਜਾਏ ਪਠਾਨਕੋਟ - ਗੁਰਦਾਸਪੁਰ - ਅੰਮ੍ਰਿਤਸਰ - ਬਿਆਸ - ਜਲੰਧਰ ਸ਼ਹਿਰ ਰਾਹੀਂ ਚਲਾਇਆ ਗਿਆ ਏ । ਇਹ ਰੇਲਗੱਡੀ ਮੀਰਥਲ, ਮੁਕੇਰੀਆਂ, ਦਸੂਹਾ, ਟਾਂਡਾ ਉੜਮਰ ਅਤੇ ਭੋਗਪੁਰ ਸਿਰਵਾਲ 'ਤੇ ਸਟਾਪੇਜ ਤੇ ਨਹੀਂ ਰੁਕੇਗੀ ।

---------------------------------------------------

ਪੰਜਾਬ ਅੰਦਰ ਬਣੀ ਹੜ੍ਹਾਂ ਦੀ ਗੰਭੀਰ ਸਥਿਤੀ ਦੇ ਮੱਦੇਨਜ਼ਰ ਸ਼੍ਰੋਮਣੀ

ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ ਵੱਖ ਗੁਰਦੁਆਰਿਆ ਅੰਦਰ ਲੋਕਾਂ ਲਈ ਸਹਾਇਤਾ ਕੇਂਦਰ ਸਥਾਪਤ ਕੀਤੇ ਗਏ ਨੇ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਹੜ੍ਹਾਂ ਦੀ ਸਥਿਤੀ ਹੋਰ ਵੀ ਗੰਭੀਰ ਹੁੰਦੀ ਜਾ ਰਹੀ ਏ ਜਿਸ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਨੇ ਪ੍ਰਭਾਵਿਤ ਲੋਕਾਂ ਲਈ ਰਿਹਾਇਸ਼, ਲੰਗਰ ਅਤੇ ਹੋਰ ਲੋੜੀਂਦੀਆਂ ਵਸਤਾਂ ਦੇ ਪ੍ਰਬੰਧ ਕੀਤੇ ਨੇ।

---------------------------------------------------

ਚੰਡੀਗੜ੍ਹ ਟਰਾਂਸਪੋਰਟ ਅੰਡਰਟੇਕਿੰਗ (CTU) ਨੇ ਸ਼ਹਿਰ ਭਰ ਵਿੱਚ ਅੰਤਰ-ਰਾਜੀ ਟਰਮੀਨਲਾਂ ਅਤੇ ਬੱਸ ਕਤਾਰ ਸ਼ੈਲਟਰਾਂ 'ਤੇ QR ਕੋਡ ਅਧਾਰਤ ਯਾਤਰਾ ਯੋਜਨਾਬੰਦੀ ਸਹੂਲਤ ਸ਼ੁਰੂ ਕਰਕੇ ਸ਼ਹਿਰੀ ਆਵਾਜਾਈ ਅਤੇ ਮੁਸਾਫ਼ਰਾਂ ਦੀ ਸਹੂਲਤ ਨੂੰ ਬਿਹਤਰ ਬਣਾਉਣ ਵੱਲ ਇੱਕ ਵੱਡਾ ਕਦਮ ਚੁੱਕਿਆ ਏ। ਇਸ ਪਹਿਲਕਦਮੀ ਦਾ ਉਦੇਸ਼ ਬੱਸਾਂ ਦੇ ਆਉਣ-ਜਾਨ ਦੇ ਸੰਭਾਵਿਤ ਸਮੇਂ ਅਤੇ ਉਸ ਮੁਤਾਬਿਕ ਮੁਸਾਫ਼ਰਾਂ ਨੂੰ ਆਪਣੀ ਯਾਤਰਾ ਦੀ ਯੋਜਨਾ ਬਣਾਣ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਏ

। ਇਹ ਜਾਣਕਾਰੀ QR ਕੋਡ ਸਕੈਨ ਕਰਨ ਤੇ ਉਨ੍ਹਾਂ ਦੇ ਸਮਾਰਟਫੋਨ 'ਤੇ ਉਪਲਬਧ ਹੋਵੇਗੀ।

---------------------------------------------------------------------------

ਪਠਾਨਕੋਟ ਕਾਊਂਟਰ ਇੰਟੈਲੀਜੈਂਸ ਨੇ ਘਿਨਾਉਣੇ ਅਪਰਾਧਾਂ ਵਿੱਚ ਸ਼ਾਮਲ ਇੱਕ ਸੰਗਠਿਤ ਅਪਰਾਧ ਮਾਡਿਊਲ ਦੇ ਦੋ ਨਾਬਾਲਗਾਂ ਸਮੇਤ ਚਾਰ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਪਖੋਕੇ ਟਾਹਲੀ ਦੇ ਵਿਸ਼ਾਲ ਮਸੀਹ ਉਰਫ਼ ਦਾਨਾ ਅਤੇ ਪਖੋਕੇ ਮਹਿ ਮਰਨ ਦੇ ਵਿਸ਼ਾਲ ਵਿਲੀਅਮ ਵਜੋਂ ਹੋਈ ਏ। ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਪਿਸਤੌਲਾਂ ਸਮੇਤ ਛੇ ਜ਼ਿੰਦਾ ਕਾਰਤੂਸ ਵੀ ਬਰਾਮਦ ਕੀਤੇ ਨੇ।

ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਵਿਦੇਸ਼ ਅਧਾਰਤ ਗੈਂਗਸਟਰਾਂ ਨਿਸ਼ਾਨ ਸਿੰਘ, ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ ਮਾਨ ਉਰਫ਼ ਹਨੀ ਅਤੇ ਸੱਜਨ ਮਸੀਹ ਉਰਫ਼ ਗੋਰੂ ਦੇ ਇਸ਼ਾਰਿਆਂ 'ਤੇ ਕੰਮ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਸੂਬੇ ਭਰ ਵਿੱਚ ਹੋਰ ਅਪਰਾਧਿਕ ਗਤੀਵਿਧੀਆਂ ਬਾਰੇ ਵੀ ਅਹਿਮ ਸੁਰਾਗ ਮਿਲੇ ਨੇ।

-------------------------------------------------------------

ਇਕ ਹੋਰ ਮਾਮਲੇ ਵਿਚ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਮੁਲਜ਼ਮ ਨੂੰ ਪੰਜ ਪਿਸਤੌਲਾਂ ਅਤੇ ਚਾਰ ਮੈਗਜ਼ੀਨਾਂ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਹਥਿਆਰਾਂ ਦੀ ਤਸਕਰੀ ਦੇ ਰੈਕੇਟ ਦਾ ਪਰਦਾਫਾਸ਼ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਅਮਿਤ ਸਿੰਘ ਵਜੋਂ ਹੋਈ ਏ ਜੋ ਕਿ ਅੰਮ੍ਰਿਤਸਰ ਦੇ ਗੁਰੂ ਕੀ ਵਡਾਲੀ ਦਾ ਰਹਿਣ ਵਾਲਾ ਏ। ਹਥਿਆਰ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਉਸਦਾ ਕਾਲੇ ਰੰਗ ਦਾ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਏ ।

ਮੁਲਜ਼ਮ ਆਪਣੇ ਸਾਥੀ ਗੁਰਪ੍ਰੀਤ ਸਿੰਘ ਉਰਫ਼ ਗਿੰਨੀ ਜ਼ਰੀਏ ਪਾਕਿਸਤਾਨ ਅਧਾਰਤ ਤਸਕਰਾਂ ਦੇ ਸੰਪਰਕ ਵਿੱਚ ਸੀ, ਜੋ ਸੂਬੇ ਵਿੱਚ ਸ਼ਾਂਤੀ ਅਤੇ ਸਦਭਾਵਨਾ ਨੂੰ ਭੰਗ ਕਰਨ ਲਈ ਹਥਿਆਰਾਂ ਦੀਆਂ ਖੇਪਾਂ ਭੇਜਦੇ ਸਨ।

-------------------------------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ, ਡਾ. ਬਲਬੀਰ ਸਿੰਘ

ਨੇ ਅੱਜ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਮੋਹਾਲੀ ਸਥਿਤ ਅੰਬੇਡਕਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਕਲੱਸਟਰ ਰਿਸੋਰਸ ਸੈਂਟਰ ਵਿਖੇ ਮੈਡੀਕਲ ਅਫਸਰਾਂ ਦੀ ਸਮਰੱਥਾ ਨਿਰਮਾਣ ਸਿਖਲਾਈ  ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਇਹ ਸਿਖਲਾਈ ਪ੍ਰੋਗਰਾਮ ਅਨੰਨਿਆ ਬਿਰਲਾ ਫਾਊਂਡੇਸ਼ਨ ਦੇ ਸਹਿਯੋਗ ਨਾਲ ਏਮਜ਼, ਮੋਹਾਲੀ ਵਿਖੇ ਪੰਜਾਬ ਦੀਆਂ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਸੇਵਾਵਾਂ ਨੂੰ ਮਜ਼ਬੂਤ ਕਰਨ ਦੀ ਇੱਕ ਵੱਡੀ ਰਣਨੀਤੀ ਦਾ ਹਿੱਸਾ ਏ। ਉਨ੍ਹਾਂ ਕਿਹਾ ਕਿ ਨੈਸ਼ਨਲ ਡਰੱਗ ਡਿਪੈਂਡਡੈਂਸ ਟ੍ਰੀਟਮੈਂਟ ਸੈਂਟਰ , ਪੀ ਜੀ ਆਈ ਚੰਡੀਗੜ੍ਹ, ਆਈ ਆਈ ਟੀ ਰੋਪੜ, ਅਤੇ ਟਾਟਾ ਇੰਸਟੀਚਿਊਟ ਆਫ਼ ਸੋਸ਼ਲ ਸਾਇੰਸਜ਼ ਮੁੰਬਈ ਜਿਹੀਆਂ ਪ੍ਰਮੁੱਖ ਰਾਸ਼ਟਰੀ ਸੰਸਥਾਵਾਂ ਦੁਆਰਾ ਸਮਰਥਤ, ਇਹ ਯੂਨਿਟ ਸੂਬੇ ਭਰ ਵਿੱਚ ਨਿਰਵਿਘਨ ਤਕਨੀਕੀ ਸਹਾਇਤਾ ਅਤੇ ਜ਼ਮੀਨੀ ਅਮਲ ਨੂੰ ਯਕੀਨੀ ਬਣਾਉਣ ਲਈ ਕੰਮ ਕਰਦਾ ਹੈ | ਇਸਦਾ ਉਦੇਸ਼ ਮੈਡੀਕਲ ਅਫਸਰਾਂ ਅਤੇ ਸਹਿਯੋਗੀ ਸਟਾਫ ਦੀ ਸਮਰੱਥਾ ਨੂੰ ਵਧਾਉਣਾ ਹੈ ਤਾਂ ਜੋ ਜ਼ਮੀਨੀ ਪੱਧਰ 'ਤੇ ਨਸ਼ੀਲੇ ਪਦਾਰਥਾਂ ਦੀ ਵਰਤੋਂ ਸੰਬੰਧੀ ਵਿਗਾੜਾਂ ਦਾ ਢੁਕਵਾਂ ਪ੍ਰਬੰਧਨ ਕੀਤਾ ਜਾ ਸਕੇ।

---------------------------------------------------------------

ਹਾਕੀ ਇੰਡੀਆ ਨੇ ਐਲਾਨ ਕੀਤਾ ਏ ਕਿ ਬਿਹਾਰ ਦੇ ਰਾਜਗੀਰ ਵਿੱਚ ਹੋਣ ਵਾਲੇ ਹਾਕੀ ਪੁਰਸ਼ ਏਸ਼ੀਆ ਕੱਪ 2025 ਦੇ ਸਾਰੇ ਮੈਚਾਂ ਲਈ ਦਰਸ਼ਕਾਂ ਲਈ ਦਾਖਲਾ ਮੁਫ਼ਤ ਹੋਵੇਗਾ। ਇਹ ਮੁਕਾਬਲਾ 29 ਅਗਸਤ ਤੋਂ 7 ਸਤੰਬਰ ਤੱਕ ਰਾਜਗੀਰ ਹਾਕੀ ਸਟੇਡੀਅਮ ਵਿੱਚ ਹੋਵੇਗਾ। ਭਾਰਤ, ਜਾਪਾਨ, ਚੀਨ, ਕਜ਼ਾਕਿਸਤਾਨ, ਮਲੇਸ਼ੀਆ, ਕੋਰੀਆ ਅਤੇ ਬੰਗਲਾਦੇਸ਼ ਇਸ ਮੁਕਾਬਲੇ ਵਿੱਚ ਹਿੱਸਾ ਲੈਣਗੇ।

NSD

**ਇਸਦੇ ਨਾਲ ਹੀ ਪ੍ਰਦੇਸ਼ਕ ਖ਼ਬਰਾਂ ਦਾ ਇਹ ਬੁਲੇਟਿਨ ਖ਼ਤਮ ਹੋਇਆ,**

**ਰਾਸ਼ਟਰੀ ਖ਼ਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**